# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-01-2025**

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਬਾਲੜੀ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਕੁੜੀਆਂ ਦੇ ਅਧਿਕਾਰਾਂ, ਸਿੱਖਿਆ, ਸਿਹਤ ਅਤੇ ਸੁਰੱਖਿਆ ਵੱਲ ਸਮਾਜ ਦਾ ਧਿਆਨ ਖਿੱਚਣ ਦੇ ਉਦੇਸ਼ ਨਾਲ ਮਨਾਇਆ ਜਾਂਦਾ ਏ। ਇਸ ਦਾ ਉਦੇਸ਼ ਹਰ ਕੁੜੀ ਦਾ ਸਤਿਕਾਰ ਕਰਨਾ ਅਤੇ ਉਸ ਨੂੰ ਅੱਗੇ ਵਧਣ ਅਤੇ ਪੜ੍ਹਾਈ ਦੇ ਬਰਾਬਰ ਮੌਕੇ ਪ੍ਰਦਾਨ ਕਰਨ ਲਈ ਪ੍ਰੇਰਿਤ ਕਰਨਾ ਏ। ਕੁੜੀਆਂ ਦੀ ਸਿੱਖਿਆ, ਉਨ੍ਹਾਂ ਦੇ ਅਧਿਕਾਰਾਂ ਅਤੇ ਵਿਕਾਸ ਲਈ, ਸਾਰੇ ਮੌਕੇ ਪ੍ਰਦਾਨ ਕਰਨ ਲਈ, 22 ਜਨਵਰੀ 2015 ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਸ਼ੁਰੂ ਕੀਤੀ ਗਈ ਸੀ। ਇਸ ਸਾਲ ਦੇ ਰਾਸ਼ਟਰੀ ਬਾਲੜੀ ਦਿਵਸ ਦਾ ਵਿਸ਼ਾ ਏ -ਸੁਨਹਿਰੇ ਭਵਿੱਖ ਲਈ ਕੁੜੀਆਂ ਦਾ ਸ਼ਕਤੀਕਰਨ। ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵਲੋਂ ਭਾਰਤ ਵਿੱਚ ਪਹਿਲੀ

ਵਾਰ 2008 'ਚ, ਰਾਸ਼ਟਰੀ ਬਾਲੜੀ ਦਿਵਸ ਦੀ ਸ਼ੁਰੂਆਤ ਕੀਤੀ ਗਈ ਸੀ। ਇਸ ਦਿਨ ਨੂੰ ਮਨਾਉਣ ਦਾ ਮਕਸਦ ਬਾਲ ਵਿਆਹ, ਭਰੂਣ ਹੱਤਿਆ ਅਤੇ ਲਿੰਗ ਅਸਮਾਨਤਾ ਵਰਗੇ ਗੰਭੀਰ ਮੁੱਦਿਆਂ ਵੱਲ ਸਮਾਜ ਦਾ ਧਿਆਨ ਖਿੱਚਣਾ ਏ।

---------------------------------------------------

ਜਲੰਧਰ ਜਿਲ੍ਹਾ ਪ੍ਰਸ਼ਾਸਨ ਵਲੋਂ ਔਰਤਾਂ ਦੀ ਸਿਹਤ ਸੰਭਾਲ ਲਈ ਬੀਤੀ ਸ਼ਾਮ ਰੈਡ ਕ੍ਰਾਸ ਭਵਨ ਵਿਚ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸਿਹਤ ਵਿਭਾਗ ਨੇ 600 ਦੇ ਕਰੀਬ ਗਰਭਵਤੀ ਮਹਿਲਾਵਾਂ ਅਤੇ ਹੋਰਨਾਂ ਦੀਆਂ ਅੱਖਾਂ ਦੀ ਜਾਂਚ, ਸ਼ੂਗਰ ਅਤੇ ਅਨੀਮੀਆ ਦੀ ਜਾਂਚ ਕਰ ਕੇ ਦਵਾਈਆਂ ਵੰਡੀਆਂ ਤੇ 101 ਨਵਜੰਮੀਆਂ ਲੜਕੀਆਂ ਦੇ ਮਾਪਿਆਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਜਿਲ੍ਹਾ ਪ੍ਰੋਗਰਾਮ ਅਫਸਰ ਜਲੰਧਰ ਮਨਜਿੰਦਰ ਸਿੰਘ ਨੇ ਦੱਸਿਆ ਕਿ ਆਯੁਰਵੈਦਿਕ ਵਿਭਾਗ ਵੱਲੋਂ ਸੀ.ਐਮ. ਯੋਗਸ਼ਾਲਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ। ਪ੍ਰੋਗਰਾਮ ਦੌਰਾਨ ਜਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਨੇ ਲੋਕਾਂ ਨੂੰ ਵਿਭਾਗ ਦੀਆਂ ਸਕੀਮਾਂ ਬਾਰੇ ਜਾਣਕਾਰੀ ਦਿੱਤੀ

ਅਤੇ ਬੱਚਿਆਂ ਨੂੰ ਸਕਿਲ ਡਿਵੈਲਪਮੈਂਟ/ਰੋਜ਼ਗਾਰ ਆਦਿ ਦੀ ਜਾਣਕਾਰੀ ਦਿਤੀ। ਇਸ ਮੌਕੇ ਇਸਤਰੀ ਰੋਗਾਂ ਦੀ ਮਾਹਿਰ ਡਾ. ਸੁਸ਼ਮਾ ਚਾਵਲਾ ਨੇ ਮਹਿਲਾਵਾਂ ਨੂੰ ਛਾਤੀ ਦੇ ਕੈਂਸਰ ਤੇ ਬਚੇਦਾਨੀ ਦੇ ਕੈਂਸਰ ਸਬੰਧੀ ਆਪਣੀ ਜਾਂਚ ਕਰਵਾਉਣ ਅਤੇ ਸਮੇਂ ਸਿਰ ਡਾਕਟਰੀ ਸਲਾਹ ਲੈਣ ਲਈ ਉਤਸ਼ਾਹਤ ਕੀਤਾ। ਉਨਾਂ ਕਿਹਾ ਕਿ ਇਨਾਂ ਦੋਵਾਂ ਬਿਮਾਰੀਆਂ ਤੋਂ ਬਚਾਅ ਲਈ ਮਹਿਲਾਵਾਂ ਨੂੰ ਸੰਭਵ ਯਤਨ ਕਰਨੇ ਚਾਹੀਦੇ ਨੇ।

---------------------------------------------------------------

ਪੰਜਾਬ ਵਿੱਚ, ਲੁਧਿਆਣਾ ਪੁਲਿਸ ਨੇ ਇੱਕ ਫੈਕਟਰੀ ਮਾਲਕ ਵੱਲੋਂ, ਮਾਂ ਅਤੇ ਉਸ ਦੀਆਂ ਤਿੰਨ ਧੀਆਂ ਨੂੰ ਅਪਮਾਨਿਤ ਕਰਨ ਦੇ ਮਾਮਲੇ ਵਿੱਚ, ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ। ਹਾਲਾਂਕਿ ਮੁੱਖ ਮੁਲਜ਼ਮ ਅਜੇ ਫਰਾਰ ਏ। ਇਸ ਸਬੰਧੀ ਜਾਣਕਾਰੀ ਦਿੰਦਿਆਂ, ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਅਤੇ ਪੰਜਾਬ ਬਾਲ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਕੰਵਰਦੀਪ ਸਿੰਘ ਨੇ ਕਿਹਾ ਕਿ, ਦੋਸ਼ੀ ਵਿਅਕਤੀਆਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ, ਕਿਉਂਕਿ ਇਹ ਘਟਨਾ ਬਾਲ ਅਧਿਕਾਰ ਕਾਨੂੰਨ ਦੀ ਘੋਰ

ਉਲੰਘਣਾ ਏ । ਦੋਵਾਂ ਨੇ ਲੁਧਿਆਣਾ ਦਾ ਦੌਰਾ ਕੀਤਾ ਅਤੇ ਪੁਲਿਸ ਨੂੰ ਹਦਾਇਤ ਕੀਤੀ ਕਿ, ਕਿਸੇ ਨੂੰ ਵੀ ਨਾ ਬਖਸ਼ਿਆ ਜਾਵੇ। ਜ਼ਿਕਰਯੋਗ ਏ ਕਿ ਇਹ ਘਟਨਾ ਬੁੱਧਵਾਰ ਨੂੰ ਵਾਪਰੀ, ਜਦੋਂ ਜ਼ਿਲ੍ਹੇ ਦੇ ਇੱਕ ਕੱਪੜਾ ਫੈਕਟਰੀ ਮਾਲਕ ਨੇ ਕਥਿਤ ਚੋਰੀ ਕਰਨ ਦੀ ਸਜ਼ਾ ਵਜੋਂ  ਇੱਕ ਮਾਂ ਅਤੇ ਉਸ ਦੀਆਂ ਤਿੰਨ ਧੀਆਂ, ਜਿਨ੍ਹਾਂ ਵਿੱਚੋਂ ਇੱਕ ਨਾਬਾਲਗ ਸੀ, ਦੇ ਮੂੰਹ ਕਾਲੇ ਕਰਕੇ "ਮੈਂ ਚੋਰ ਹਾਂ" ਦੀ ਤਖ਼ਤੀ ਨਾਲ ਉਨ੍ਹਾਂ ਨੂੰ ਸ਼ਹਿਰ 'ਚ ਘੁਮਾਇਆ ਸੀ

----------------------------------------------------

-ਪਠਾਨਕੋਟ ਨਗਰ ਨਿਗਮ ਦਫ਼ਤਰ ਦੇ ਰਿਕਾਰਡ ਸਟੋਰ ਵਿਚ ਅਜ ਸਵੇਰੇ ਅੱਗ ਲੱਗਣ ਕਾਰਨ ਰਿਕਾਰਡ ਸੜ ਕੇ ਸੁਆਹ ਹੋ ਗਿਆ। ਫਾਇਰ ਬ੍ਰਿਗੇਡ ਦੀ ਤਿੰਨ ਗਡੀਆਂ ਨੇ ਅੱਗ ਤੇ ਕਾਬੂ ਪਾਇਆ। ਅੱਗ ਲਗਣ ਦਾ ਕਾਰਨ ਦਫਤਰ ਦੇ ਪਿਛਲੇ ਹਿੱਸੇ ਵਿਚ ਬਿਜਲੀ ਦੀ ਤਾਰਾਂ ਵਿਚ ਹੋਇਆ ਸ਼ਾਰਟ ਸਰਕਟ ਦੱਸਿਆ ਜਾ ਰਿਹਾ ਏ। ਪਠਾਨਕੋਟ ਦੇ ਮੇਅਰ ਪੰਨਾ ਲਾਲ ਭਾਟੀਆ ਨੇ ਦੱਸਿਆ ਏ ਕਿ ਸ਼ਾਰਟ ਸਰਕਟ ਕਾਰਨ ਅੱਗ ਲਗੀ ਏ ਪਰ ਕੋਈ ਜਿਆਦਾ ਨੁਕਸਾਨ ਨਹੀਂ ਹੋਇਆ। ਰਿਕਾਰਡ ਰੂਮ ਵਿਚ

ਪੁਰਾਣਾ ਰਿਕਾਰਡ ਪਿਆ ਸੀ, ਜਿਸ ਦੀ ਫੌਰੀ ਤੌਰ ਤੇ ਖਾਸ ਜ਼ਰੂਰਤ ਨਹੀਂ ਸੀ। -

--------------------------------------------------------

ਪੰਜਾਬ ਪੱਛੜੀਆਂ ਸ਼੍ਰੇਣੀਆਂ ਭੂਮੀ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ (ਬੈਕਫਿੰਕੋ) ਵੱਲੋਂ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਨੇ ਜੋ ਕਿ ਅਗਾਮੀ 7 ਫਰਵਰੀ ਤੱਕ ਜਾਰੀ ਰਹਿਣਗੇ। ਬੈਕਫਿੰਕੋ ਦੇ ਚੇਅਰਮੈਨ ਸੰਦੀਪ ਸੈਣੀ ਨੇ ਦੱਸਿਆ ਏ ਕਿ ਪੱਛੜੀਆਂ ਸ਼੍ਰੇਣੀਆਂ, ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਅਤੇ ਘੱਟ ਗਿਣਤੀ ਭਾਈਚਾਰਿਆਂ ਨੂੰ ਸਵੈ-ਰੋਜ਼ਗਾਰ ਸਕੀਮਾਂ ਤਹਿਤ ਘੱਟ ਵਿਆਜ ਦਰਾਂ 'ਤੇ ਕਰਜ਼ੇ ਮੁਹੱਈਆ ਕਰਵਾਏ ਜਾ ਰਹੇ ਨੇ। ਸ੍ਰੀ ਮੁਕਤਸਰ ਸਾਹਿਬ, ਹੁਸ਼ਿਆਰਪੁਰ, ਰੋਪੜ, ਅੰਮ੍ਰਿਤਸਰ ਅਤੇ ਐਸ.ਏ.ਐਸ.ਨਗਰ ਜ਼ਿਲ੍ਹਿਆਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਚੁੱਕੇ ਨੇ। ਹੁਣ 29 ਜਨਵਰੀ ਨੂੰ ਪਟਿਆਲਾ ਵਿਚ, 30 ਜਨਵਰੀ ਨੂੰ ਫਿਰੋਜ਼ਪੁਰ ਵਿਚ, 31 ਜਨਵਰੀ ਨੂੰ ਸੰਗਰੂਰ ਵਿਚ ਅਤੇ 7 ਫਰਵਰੀ ਨੂੰ ਬਠਿੰਡਾ ਵਿਚ ਕੈਂਪ ਲਗਾਏ ਜਾਣਗੇ।

ਉਨ੍ਹਾਂ ਨੇ ਸਬੰਧਤ ਲੋਕਾਂ ਨੂੰ ਕਰਜ਼ਾ ਲੈਣ ਲਈ ਅਜਿਹੇ ਕੈਂਪਾਂ ਦਾ ਲਾਭ ਲੈਣ ਦਾ ਸੱਦਾ ਦਿੱਤਾ ਏ -

---------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਐਲਾਨ ਕੀਤਾ ਏ ਕਿ ਪੰਜਾਬ ਸਰਕਾਰ ਮਾਰਚ ਵਿੱਚ 72 ਪ੍ਰਾਇਮਰੀ ਸਕੂਲ ਅਧਿਆਪਕਾਂ ਦੇ ਦੂਜੇ ਬੈਚ ਨੂੰ ਸਿਖਲਾਈ ਲਈ ਫਿਨਲੈਂਡ ਭੇਜਣ ਲਈ ਪੂਰੀ ਤਰ੍ਹਾਂ ਤਿਆਰ ਏ। ਸਕੂਲ ਸਿੱਖਿਆ ਮੰਤਰੀ ਨੇ ਦੱਸਿਆ ਕਿ 72 ਪ੍ਰਾਇਮਰੀ ਸਕੂਲ ਅਧਿਆਪਕਾਂ ਦੇ ਦੂਜੇ ਬੈਚ ਦੀ ਸਿਖਲਾਈ ਲਈ, ਯੂਨੀਵਰਸਿਟੀ ਆਫ਼ ਤੁਰਕੂ ਨਾਲ ਪਹਿਲਾਂ ਹੀ ਇਕ ਸਮਝੌਤਾ ਪੱਤਰ ’ਤੇ ਹਸਤਾਖ਼ਰ ਕੀਤੇ ਜਾ ਚੁੱਕੇ ਨੇ । ਤਿੰਨ ਹਫ਼ਤਿਆਂ ਦੇ ਇਸ ਸਿਖਲਾਈ ਪ੍ਰੋਗਰਾਮ ਦੌਰਾਨ ਪਹਿਲੇ ਹਫ਼ਤੇ ਪੰਜਾਬ ‘ਚ ਸਿਖਲਾਈ ਦਿੱਤੀ ਜਾਵੇਗੀ, ਜਿਸ ਤੋਂ ਬਾਅਦ ਅਗਲੇ ਦੋ ਹਫ਼ਤਿਆਂ ਤਕ ਫਿਨਲੈਂਡ ਵਿਚ ਸਿਖਲਾਈ ਦਿੱਤੀ ਜਾਣੀ ਏ ।